**ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ**
**ਵਿੱਦਿਆ ਭਵਨ, ਈ-ਬਲਾਕ, ਪੰਜਵੀਂ ਮੰਜਿਲ, ਫੇਜ-8, ਐਸ.ਏ.ਐਸ. ਨਗਰ (ਮੋਹਾਲੀ), ਪੰਜਾਬ**

ਵੱਲ :

( Through website

**ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਪੰਜਾਬ**
**ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ.), ਪੰਜਾਬ**
**ਸਮੂਹ ਸਕੂਲ ਮੁਖੀ, ਪੰਜਾਬ**

ਮੀਮੋ ਨੰ : ਸਸਅ/2018/ਐਮ.ਆਈ.ਐਸ./ਈਪੰਜਾਬਸਕੂਲ/6615
ਮਿਤੀ : ਚੰਡੀਗੜ੍ਹ 13 ਅਪ੍ਰੈਲ, 2018

ਵਿਸ਼ਾ : **ਈਪੰਜਾਬਸਕੂਲ ਪੋਰਟਲ ਉੱਤੇ ਡਾਟਾ ਅਪਡੇਟ ਕਰਨ ਸਬੰਧੀ।**

ਸਕੂਲ ਸਿੱਖਿਆ ਵਿਭਾਗ ਦੇ ਪੋਰਟਲ ਈਪੰਜਾਬਸਕੂਲ ਉੱਤੇ ਪੰਜਾਬ ਰਾਜ ਵਿਚ ਚੱਲ ਰਹੇ ਹਰ ਪ੍ਰਕਾਰ ਦੇ ਸਕੂਲਾਂ ਨੂੰ ਰਜਿਸਟਰ ਕੀਤਾ ਗਿਆ ਹੈ ਅਤੇ ਇਨ੍ਹਾਂ ਸਕੂਲਾਂ ਵਲੋਂ ਪੋਰਟਲ ਉੱਤੇ ਵਿਦਿਆਰਥੀਆਂ, ਅਧਿਆਪਕਾਂ ਅਤੇ ਸਕੂਲ ਦੇ ਬੁਨਿਆਦੀ ਢਾਂਚੇ ਆਦਿ ਦੀ ਜਾਣਕਾਰੀ ਹਰ ਮਹੀਨੇ ਦੀ 10 ਤਾਰੀਖ ਤੋਂ ਪਹਿਲਾਂ ਅਪਡੇਟ ਕਰਨਾ ਜਰੂਰੀ ਹੈ। ਅਪ੍ਰੈਲ 2018 ਤੋਂ ਨਵਾਂ ਵਿੱਦਿਅਕ ਸੈਸ਼ਨ ਸ਼ੁਰੂ ਹੋ ਗਿਆ ਹੈ ਅਤੇ ਇਹ ਦੇਖਣ ਵਿਚ ਆਇਆ ਹੈ ਕਿ ਬਹੁਤ ਸਾਰੇ ਸਕੂਲਾਂ ਵਲੋਂ ਅਜੇ ਤੱਕ ਵੀ ਪੋਰਟਲ ਉੱਤੇ ਵਿਦਿਆਰਥੀਆਂ ਦੇ ਰਿਕਾਰਡ ਨੂੰ ਅਪਡੇਟ ਨਹੀਂ ਕੀਤਾ ਗਿਆ ਹੈ। ਖਾਸ ਤੌਰ ਤੇ ਵਿਦਿਆਰਥੀਆਂ ਦੇ ਰਿਕਾਰਡ ਨੂੰ ਇਸ ਸੈਸ਼ਨ ਅਨੁਸਾਰ ਅਪਡੇਟ ਨਹੀਂ ਕੀਤਾ ਜਾ ਰਿਹਾ ਹੈ।

ਸਮੂਹ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਆਪਣੇ ਸਕੂਲ ਨਾਲ ਸਬੰਧਤ ਰਿਕਾਰਡ ਨੂੰ ਤੁਰੰਤ ਪੋਰਟਲ ਉੱਤੇ ਅਪਡੇਟ ਕਰਨ। ਇਹ ਯਕੀਨੀ ਬਣਾ ਲਿਆ ਜਾਵੇ ਕਿ ਵਿਦਿਆਰਥੀਆਂ, ਸਟਾਫ, ਸਕੂਲ ਦਾ ਬੁਨਿਆਦੀ ਢਾਂਚਾ ਆਦਿ ਡਾਟਾ ਸਹੀ ਅਤੇ ਰਿਕਾਰਡ ਅਨੁਸਾਰ ਪੋਰਟਲ ਉੱਤੇ ਅਪਲੋਡ ਕੀਤਾ ਜਾ ਰਿਹਾ ਹੋਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ**

**ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਜਾਣਕਾਰੀ ਹਿੱਤ ਭੇਜਿਆ ਜਾਂਦਾ ਹੈ :-**

1) ਪੀ.ਏ., ਸਕੱਤਰ ਸਕੂਲ ਸਿੱਖਿਆ, ਪੰਜਾਬ
2) ਡੀ.ਪੀ.ਆਈ. (ਸੈ.ਸਿ.), ਪੰਜਾਬ
3) ਡੀ.ਪੀ.ਆਈ. (ਐ.ਸਿ.), ਪੰਜਾਬ

ਸਹੀ/-

**ਡਾਇਰੈਕਟਰ ਜਨਰਲਸਕੂਲ ਸਿੱਖਿਆ, ਪੰਜਾਬ**